ਈ.ਆਈ.ਏ. ਨੋਟੀਫਿਕੇਸਨ ਮਿਤੀ 14.09.2006 ਅਧੀਨ ਕਾਰਜਕਾਰੀ ਇੰਜੀਨੀਅਰ/ਫਿਰੋਜ਼ਪੁਰ ਜਲ ਨਿਕਾਸ-ਕਮ-ਮਾਈਨਿੰਗ ਅਤੇ ਜਿਆਲੋਜੀ ਮੰਡਲ, ਜਲ ਸਰੋਤ ਵਿਭਾਗ, ਪੰਜਾਬ ਵੱਲੋਂ ਪਿੰਡ ਮਿੱਡਾ ਹਾਜੀ, ਤਹਿਸੀਲ ਅਤੇ ਜਿਲ੍ਹਾ ਫਿਰੋਜ਼ਪੁਰ ਦੀ ਰੈਵੀਨਿਊ ਐਸਟੇਟ ਅਧੀਨ ਪੈਂਦੀ ਖੇਤੀਬਾੜੀ ਵਾਲੀ ਜ਼ਮੀਨ ਵਿੱਚੋਂ ਰੇਤ ਦੀ ਮਾਇੰਨਿੰਗ ਕਰਨ ਲਈ ਵਾਤਾਵਰਣ ਕਲੀਅਰੈਂਸ ਲੈਣ ਲਈ ਦਿੱਤੀ ਗਈ ਅਰਜੀ ਦੇ ਸਬੰਧ ਵਿਚ ਜਨਤਕ ਸੁਣਵਾਈ ਮਿਤੀ 05.01.2024 ਦੀ ਕਾਰਵਾਈ।

ਇਸ ਸੁਣਵਾਈ ਦੀ ਦੇਖ ਰੇਖ ਲਈ ਹੇਠ ਲਿਖੇ ਅਧਿਕਾਰੀ ਮੌਜੂਦ ਸਨ-

1) ਸ੍ਰੀ ਜਸਪਾਲ ਸਿੰਘ,
ਉਪ ਮੰਡਲ ਮੈਜਿਸਟ੍ਰੇਟ,
ਫਿਰੋਜਪੁਰ।

2) ਇੰਜ. ਦਲਜੀਤ ਸਿੰਘ,
ਵਾਤਾਵਰਣ ਇੰਜੀਨੀਅਰ,
ਪੰਜਾਬ ਪ੍ਰਦੂਸਣ ਰੋਕਥਾਮ ਬੋਰਡ,
ਖੇਤਰੀ ਦਫਤਰ, ਫਰੀਦਕੋਟ।

ਜਨਤਕ ਸੁਣਵਾਈ ਦੋਰਾਨ, ਸਭ ਤੋ ਪਹਿਲਾ ਵਾਤਾਵਰਣ ਇੰਜੀਨੀਅਰ, ਪੰਜਾਬ ਪ੍ਰਦੂਸਣ ਰੋਕਥਾਮ ਬੋਰਡ, ਫਰੀਦਕੋਟ ਨੇ ਸੁਣਵਾਈ ਦੇ ਪ੍ਰਧਾਨ ਦਾ ਅਤੇ ਇਸ ਲੋਕ ਸੁਣਵਾਈ ਵਿੱਚ ਹਾਜਰ ਹੋਈ ਜਨਤਾ ਦਾ ਸਵਾਗਤ ਕੀਤਾ। ਉਹਨਾ ਨੇ ਦੱਸਿਆ ਕਿ ਕਾਰਜਕਾਰੀ ਇੰਜੀਨੀਅਰ/ਫਿਰੋਜਪੁਰ ਜਲ ਨਿਕਾਸ-ਕਮ-ਮਾਈਨਿੰਗ ਅਤੇ ਜਿਆਲੋਜੀ ਮੰਡਲ, ਜਲ ਸਰੋਤ ਵਿਭਾਗ, ਪੰਜਾਬ ਵੱਲੋ 6.10 ਹੈਕਟੇਅਰ ਖੇਤੀਬਾੜੀ ਵਾਲੀ ਜਮੀਨ ਦਾ ਰਕਬਾ ਪਿੰਡ ਮਿੱਡਾ ਹਾਜੀ, ਤਹਿਸੀਲ ਅਤੇ ਜਿਲ੍ਹਾ ਫਿਰੋਜਪੁਰ ਵਿੱਚੋ 38,236 ਟੀ.ਪੀ.ਏ ਰੇਤ ਦੀ ਮਾਇੰਨਿੰਗ ਕਰਨ ਦੀ ਤਜਵੀਜ਼ ਹੈ। ਪ੍ਰੋਜੈਕਟ ਦੀ ਅਰਜੀ ਵਿਚਾਰਣ ਉਪਰੰਤ, ਵਾਤਾਵਰਣ ਜੰਗਲਾਤ ਅਤੇ ਜਲਵਾਯੂ ਤਬਦੀਲੀ ਮੰਤਰਾਲਾ, ਭਾਰਤ ਸਰਕਾਰ, ਨਵੀਂ ਦਿੱਲੀ ਵਲੋਂ ਨਿਰਧਾਰਿਤ ਤੈਅ ਵਿਧੀ ਮੁਤਾਬਿਕ ਸਟੇਟ ਇਨਵਾਇਰਮੈਂਟ ਇੰਮਪੈਕਟ ਅਸੈਸਮੈਂਟ ਅਥਾਰਟੀ (ਸੀਆ), ਪੰਜਾਬ ਨੇ ਡਰਾਫਟ ਇਨਵਾਇਰਮੈਂਟ ਇੰਪਕੈਟ ਅਸੈਸਮੈਂਟ (ਈ.ਆਈ.ਏ.) ਸਟੱਡੀ ਰਿਪੋਰਟ ਤਿਆਰ ਕਰਨ ਲਈ ਕੰਪਨੀ ਨੂੰ ਟਰਮਜ਼ ਆਫ ਰੈਫਰੇਂਸ ਜਾਰੀ ਕੀਤੇ ਸਨ। ਹੁਣ, ਈ.ਆਈ.ਏ. ਨੋਟੀਫਿਕੇਸਨ ਮਿਤੀ 14.09.2006 ਅਧੀਨ ਤੈਅ ਵਿਧੀ ਅਨੁਸਾਰ ਜਨਤਕ ਸੁਣਵਾਈ ਕਰਵਾਉਣ ਲਈ ਪੰਜਾਬ ਪ੍ਰਦੂਸਣ ਰੋਕਥਾਮ ਬੋਰਡ ਕੋਲ ਡਰਾਫਟ ਈ.ਆਈ.ਏ ਰਿਪੋਰਟ ਜਮਾਂ ਕਰਵਾਈ ਗਈ ਹੈ। ਉਹਨਾ ਨੇ ਹਾਜਰ ਜਨਤਾ ਨੂੰ ਕੰਪਨੀ ਵਲੋ ਉਪਰੋਕਤ ਮਾਇਨਿੰਗ ਕਰਨ ਲਈ ਕਲੀਅਰੈਂਸ ਲੈਣ ਵਾਸਤੇ ਜਮਾਂ ਕਰਵਾਈ ਗਈ ਅਰਜੀ ਤੇ ਫੈਸਲਾ ਲੈਣ ਤੋ ਪਹਿਲਾ ਲੋਕ ਸੁਣਵਾਈ ਕਰਨ ਦੀ ਜ਼ਰੂਰਤ ਬਾਰੇ ਵਿਸਥਾਰਪੂਰਵਕ ਦੱਸਿਆ। ਉਹਨਾ ਇਹ ਗੱਲ ਵੀ ਲੋਕਾ ਦੇ ਧਿਆਨ ਵਿੱਚ ਲਿਆਂਦੀ ਕਿ ਕੰਪਨੀ ਨੇ ਡਰਾਫਟ ਈ.ਆਈ.ਏ. ਰਿਪੋਰਟ ਦੀਆ ਨਕਲਾ ਸਮੇਤ ਕਾਰਜਕਾਰੀ ਸਾਰ (ਪੰਜਾਬੀ ਅਤੇ ਅੰਗਰੇਜੀ) ਪੰਜਾਬ ਪ੍ਰਦੂਸਣ ਰੋਕਥਾਮ ਬੋਰਡ ਦੇ ਦਫਤਰ ਵਿੱਚ ਜਮ੍ਹਾ ਕਰਵਾਏ ਗਏ ਹਨ, ਜਿਹਨਾ ਦੀ ਇਕ-ਇਕ ਕਾਪੀ ਦਫਤਰ ਡਿਪਟੀ ਕਮਿਸਨਰ, ਫਿਰੋਜਪੁਰ, ਚੇਅਰਮੈਨ, ਜਿਲਾ ਪ੍ਰੀਸਦ, ਫਿਰੋਜ਼ਪੁਰ, ਜਨਰਲ ਮੈਨੇਜਰ, ਜਿਲਾ ਇੰਡਸਟਰੀਅਲ ਸੈਂਟਰ, ਫਿਰੋਜਪੁਰ, ਕਾਰਜਕਾਰੀ ਇੰਜੀਨੀਅਰ-ਕਮ-ਜਿਲਾ ਮਾਈਨਿੰਗ ਅਫਸਰ, ਫਿਰੋਜ਼ਪੁਰ, ਰਿਜਨਲ ਦਫਤਰ, ਐਮ.ਓ.ਈ.ਐਫ, ਚੰਡੀਗੜ੍ਹ ਅਤੇ ਪੰਜਾਬ ਪ੍ਰਦੂਸਣ ਕੰਟਰੋਲ ਬੋਰਡ, ਖੇਤਰੀ ਦਫਤਰ, ਫਰੀਦਕੋਟ ਦੇ ਦਫਤਰਾ ਵਿੱਚ ਅਤੇ ਪੰਜਾਬ ਪ੍ਰਦੂਸਣ ਰੋਕਥਾਮ ਬੋਰਡ ਦੀ ਵੈਬਸਾਈਟ ਉਪਰ ਵੀ ਅਪਲੋਡ ਵੀ ਕੀਤੀ ਗਈ ਸੀ, ਤਾ ਜੋ ਉੱਥੇ ਜਨਤਾ ਅਤੇ ਹੋਰ ਤੱਲਕਦਾਰ ਇਸ ਤੱਕ ਪਹੁੰਚ ਕਰਨ ਸਕਣ। ਉਹਨਾ ਅੱਗੇ ਦੱਸਿਆ ਕਿ ਇਸ ਜਨਤਕ ਸੁਣਵਾਈ ਦਾ ਪਬਲਿਕ ਨੋਟਿਸ ਦੋ ਅਖਬਾਰਾ "ਹਿਦੁਸਤਾਨ

Scanned with CamScanner

ਟਾਈਮਜ (ਅੰਗਰੇਜੀ)" ਅਤੇ "ਰੋਜਾਨਾ ਸਪੋਕਸਮੈਨ (ਪੰਜਾਬੀ)" ਵਿੱਚ ਮਿਤੀ 01/12/2023 ਨੂੰ ਪ੍ਰਕਾਸ਼ਿਤ ਕੀਤਾ ਗਿਆ ਸੀ ਤਾਂ ਜੋ ਜਨਤਾ ਨੂੰ ਸੁਣਵਾਈ ਦੀ ਜਗ੍ਹਾ, ਤਾਰੀਖ ਅਤੇ ਸਮੇਂ ਦਾ ਪਤਾ ਲੱਗ ਜਾਵੇ ਅਤੇ ਨਾਲ ਹੀ ਈ.ਆਈ.ਏ. ਰਿਪੋਰਟ ਦਾ ਖਰੜਾ ਅਤੇ ਕਾਰਜਕਾਰੀ ਸਾਰ ਕਿਹੜੇ-ਕਿਹੜੇ ਦਫਤਰਾਂ ਵਿੱਚ ਸੁਣਵਾਈ ਤੋਂ ਪਹਿਲਾਂ ਵੇਖਿਆ ਜਾ ਸਕਦਾ ਹੈ ਸਬੰਧੀ ਜਾਣਕਾਰੀ ਮਿਲ ਸਕੇ। ਇਹ ਵੀ ਸੂਚਿਤ ਕਰ ਦਿੱਤਾ ਗਿਆ ਸੀ ਕਿ ਪ੍ਰਸਤਾਵਿਤ ਪ੍ਰੋਜੈਕਟ ਤੇ ਸੁਝਾਅ, ਵਿਚਾਰ, ਟਿੱਪਣੀਆਂ ਅਤੇ ਇਤਰਾਜ਼ ਜੇਕਰ ਹੋਣ ਤਾਂ ਲਿਖਿਤ/ਈਮੇਲ/ਨਿੱਜੀ ਤੋਰ ਰਾਹੀਂ, ਮੈਂਬਰ ਸਕੱਤਰ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਵਾਤਾਵਰਣ ਭਵਨ, ਨਾਭਾ ਰੋਡ, ਪਟਿਆਲਾ ਪਾਸ ਨੋਟਿਸ ਦੀ ਪ੍ਰਕਾਸ਼ਨਾ ਦੇ 30 ਦਿਨਾਂ ਦੇ ਅੰਦਰ-ਅੰਦਰ ਦਿੱਤੇ ਜਾ ਸਕਦੇ ਸਨ। ਇਸ ਉਪਰੰਤ ਉਹਨਾਂ ਕੰਪਨੀ ਦੇ ਵਾਤਾਵਰਣ ਸਲਾਹਕਾਰ ਨੂੰ ਪ੍ਰੋਜੈਕਟ ਬਾਰੇ ਅਤੇ ਈ.ਆਈ.ਏ.ਰਿਪੋਰਟ ਦੇ ਖਰੜੇ ਬਾਰੇ ਜਨਤਾ ਨੂੰ ਵਿਸਥਾਰ ਰੂਪ ਵਿੱਚ ਦੱਸਣ ਲਈ ਕਿਹਾ ਗਿਆ।

ਮਾਈਨਿੰਗ ਵਿਭਾਗ ਦੇ ਵਾਤਾਵਰਣ ਸਲਾਹਕਾਰ ਮੈਸ: ਗ੍ਰਾਸ ਰੂਟਸ ਰਿਸਰਚ ਐਂਡ ਕ੍ਰਿਏਸ਼ਨ ਇੰਡੀਆ (ਪ੍ਰਾ:) ਲਿਮਟਿਡ ਦੇ ਨੁਮਾਇੰਦੇ ਵੱਲੋਂ ਜਨਤਾ ਨੂੰ ਪ੍ਰਸਤਾਵਿਤ ਪ੍ਰੋਜੈਕਟ ਬਾਰੇ ਵਿਸਥਾਰਪੂਰਵਕ ਦੱਸਿਆ ਕਿ ਤਜਵੀਜਤ ਮਾਈਨਿੰਗ ਪ੍ਰੋਜੈਕਟ ਪਿੰਡ ਮਿੱਡਾ ਹਾਜੀ, ਤਹਿਸੀਲ ਅਤੇ ਜਿਲ੍ਹਾ ਫਿਰੋਜ਼ਪੁਰ ਦੀ ਰੈਵੀਨਿਊ ਐਸਟੇਟ ਵਿੱਚ ਪੈਂਦਾ ਹੈ ਅਤੇ ਇਸ ਨੂੰ 6.10 ਹੈਕਟੇਅਰ ਏਰੀਏ ਵਿੱਚ 38,236 ਟੀ.ਪੀ.ਏ ਦੇ ਹਿਸਾਬ ਨਾਲ ਰੇਤ ਦੀ ਮਾਈਨਿੰਗ ਕਰਨ ਦੀ ਆਗਿਆ ਮਿਲੀ ਹੋਈ ਹੈ। ਪ੍ਰੋਜੈਕਟ ਦੀ ਅਨੁਮਾਨਤ ਲਾਗਤ 81.60 ਲੱਖ ਰੁਪਏ ਹੈ। ਮਾਈਨ ਅਤੇ ਜਿਉਲੋਜੀ ਵਿਭਾਗ, ਪੰਜਾਬ ਨੇ 2 ਸਾਲਾਂ ਲਈ ਰੇਤ ਦੀ ਮਾਈਨਿੰਗ ਕਰਨ ਲਈ ਪੱਤਰ ਜਾਰੀ ਕਰ ਦਿੱਤਾ ਹੈ। ਮਾਈਨਿੰਗ ਸਾਈਟ ਦਾ ਸਭ ਤੋਂ ਨੇੜਲਾ ਸ਼ਹਿਰ ਫਿਰੋਜ਼ਪੁਰ ਹੈ। ਜਿਸ ਵਿੱਚ ਕਈ ਹਸਪਤਾਲ, ਵਿਦਿਅਕ ਅਦਾਰੇ ਅਤੇ ਰੇਲਵੇ ਸਟੇਸ਼ਨ ਪੈਂਦੇ ਹਨ। ਤਜਵੀਜਤ ਪ੍ਰੋਜੈਕਟ ਦੀ ਈ.ਆਈ.ਏ ਸਟੱਡੀ ਮਾਈਨਿੰਗ ਲੀਜ ਦੇ ਖੇਤਰ ਦੇ ਦੁਆਲੇ 10 ਕਿਲੋਮੀਟਰ ਦੀ ਰੇਡੀਅਲ ਦੂਰੀ ਵਾਲੇ ਖੇਤਰ ਵਿੱਚ ਮਾਰਚ 2023 ਅਤੇ ਮਈ 2023 ਦੌਰਾਨ ਪ੍ਰੀ ਮਾਨਸੂਨ ਸੀਜਨ ਵਿੱਚ ਕੀਤੀ ਗਈ ਸੀ। ਪ੍ਰੋਜੈਕਟ ਸਾਈਟ 'ਤੇ ਧੂੜ ਨੂੰ ਦਬਾਉਣ, ਪੀਣ ਅਤੇ ਪੌਦੇ ਲਗਾਉਣ ਪ੍ਰਤੀਦਿਨ ਪਾਣੀ ਦੀ ਵਰਤੋਂ ਕੀਤੀ ਜਾਏਗੀ। ਪ੍ਰੋਜੈਕਟ ਵਿੱਚ ਕੁੱਲ 24 ਵਿਅਕਤੀ ਕੰਮ ਕਰਨਗੇ ਅਤੇ ਰੇਤ ਦੀ ਮਾਈਨਿੰਗ ਦਾ ਕੰਮ ਬੈਂਕ ਤੋਂ ਸੁਰੱਖਿਆ ਖੇਤਰ ਨੂੰ ਛੱਡ ਕੇ ਕੀਤਾ ਜਾਵੇਗਾ ਅਤੇ ਇਸ ਦੀ ਵੱਧ ਤੋਂ ਵੱਧ ਡੂੰਘਾਈ ਧਰਤੀ ਹੇਠਲੇ ਪਾਣੀ ਦੇ ਪੱਧਰ ਤੋਂ ਉੱਪਰ ਰਹੇਗੀ। ਪ੍ਰੋਜੈਕਟ ਦੇ ਚੱਲਣ ਨਾਲ ਸਿਹਤ ਉਪਰ ਪ੍ਰਭਾਵਾਂ ਨੂੰ ਘਟਾਉਣ ਲਈ ਪ੍ਰਭਾਵਿਤ ਖੇਤਰਾਂ ਅਤੇ ਆਲੇ ਦੁਆਲੇ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਕੋਈ ਵੀ ਜੰਗਲੀ ਜੀਵਨ ਨੂੰ ਪ੍ਰਭਾਵਿਤ ਨਹੀ ਹੋਣ ਦਿੱਤਾ ਜਾਵੇਗਾ। ਮੌਨਸੂਨ ਸੀਜਨ ਦੇ ਸ਼ੁਰੂ ਵਿੱਚ ਰੇਤ ਦੀ ਖਾਣ ਦੇ ਬੰਦ ਹੋਣ ਦੌਰਾਨ ਬਹਾਲੀ ਯੋਜਨਾ ਨੂੰ ਅਪਣਾਇਆ ਜਾਵੇਗਾ। ਕੁਦਰਤੀ ਆਫ਼ਤਾਂ ਦੇ ਪ੍ਰਭਾਵਾਂ ਤੋਂ ਬਚਣ ਲਈ ਸਮੇਂ ਸਿਰ ਸਾਵਧਾਨੀ ਅਤੇ ਉਪਾਅ ਕਰਨ ਲਈ ਆਫ਼ਤ ਪ੍ਰਬੰਧਨ ਯੋਜਨਾ ਨੂੰ ਵੀ ਅਪਣਾਇਆ ਜਾਵੇਗਾ। ਧੂੜ ਨੂੰ ਕੰਟਰੋਲ ਕਰਨ ਲਈ ਸੜਕਾਂ 'ਤੇ ਪਾਣੀ ਦਾ ਛਿੜਕਾਅ ਕੀਤਾ ਜਾਵੇਗਾ। ਵਾਹਨਾ ਦੀ ਲੋਡਿੰਗ ਅਤੇ ਆਵਾਜਾਈ ਦੇ ਦੌਰਾਨ ਪੈਦਾ ਹੋਣ ਵਾਲੀ ਧੂੜ ਦੀ ਸਮੱਸਿਆ ਨੂੰ ਘਟਾਉਣ ਲਈ ਮਾਈਨਿੰਗ ਸਾਈਟ ਅਤੇ ਇਸਦੇ ਨਾਲ ਲੱਗਦੇ ਖੇਤਰ ਵਿੱਚ ਪੌਦੇ ਲਗਾਏ ਜਾਣਗੇ। ਇਸ ਪ੍ਰੋਜੈਕਟ ਤੋਂ ਕਿਸੇ ਵੀ ਤਰ੍ਹਾਂ ਦਾ ਗੰਦਾ ਪਾਣੀ ਨਹੀਂ ਨਿਕਲੇਗਾ ਸਿਰਫ਼ ਦਫਤਰ ਦੇ ਪਖਾਨਿਆਂ ਤੋਂ ਨਿਕਲੇ ਗੰਦੇ ਪਾਣੇ ਦੀ ਸੋਧ ਲਈ ਸੈਪਟਿਕ ਟੈਂਕ ਲਗਾਇਆ ਜਾਵੇਗਾ। ਪ੍ਰੋਜੈਕਟ ਦੇ ਚੱਲਣ ਦੌਰਾਨ ਹਵਾ ਦੀ ਗੁਣਵੱਤਾ, ਪਾਣੀ ਦੀ ਗੁਣਵੱਤਾ ਅਤੇ ਮਿੱਟੀ ਦੀ ਗੁਣਵੱਤਾ ਦੀ ਜਾਂਚ ਕਰਵਾਈ ਜਾਵੇਗੀ।

ਬਾਅਦ ਵਿੱਚ, ਵਾਤਾਵਰਣ ਇੰਜੀਨੀਅਰ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਫਰੀਦਕੋਟ ਨੇ ਲੋਕਾਂ ਨੂੰ ਦੱਸਿਆ ਕਿ ਈ.ਆਈ.ਏ. ਦੇ ਨੋਟੀਫਿਕੇਸ਼ਨ ਮਿਤੀ 14.09.2006 ਦੇ ਮੁਤਾਬਿਕ ਮੌਕੇ ਤੇ ਮੌਜੂਦ ਲੋਕ ਪ੍ਰਾਜੈਕਟ ਪ੍ਰੋਮੋਟਰ ਕੋਲੋ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਹਾਸਲ ਕਰ ਸਕਦੇ ਹਨ ਅਤੇ ਆਪਣੇ ਸੁਝਾਓ ਜਾਂ ਇਤਰਾਜ਼ ਦੇ ਸਕਦੇ ਹਨ। ਮੌਕੇ ਤੇ ਮੌਜੂਦ ਲੋਕਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਉਹਨਾਂ ਵੱਲੋਂ ਪ੍ਰੋਜੈਕਟ ਸਬੰਧੀ ਮੰਗੀ ਗਈ ਜਾਣਕਾਰੀ ਅਤੇ ਇਸ ਦੇ ਜਵਾਬ ਕਾਰਵਾਈ ਵਿੱਚ ਦਰਜ ਕੀਤੇ ਜਾਣਗੇ। ਇਹ ਕਾਰਵਾਈ ਸੀਆ ਪੰਜਾਬ ਨੂੰ ਅਗਲੇਰੀ ਕਾਰਵਾਈ ਕਰਨ ਲਈ ਭੇਜੀ ਜਾਵੇਗੀ। ਇਸ ਲਈ ਉਹਨਾਂ ਲੋਕਾਂ ਨੂੰ ਗੁਜਾਰਿਸ ਕੀਤੀ ਕਿ ਉਹ ਇੱਕ ਇੱਕ ਕਰਕੇ ਪ੍ਰੋਜੈਕਟ ਬਾਰੇ ਜਾਣਕਾਰੀ / ਸਪੱਸ਼ਟੀਕਰਣ ਜਾਂ ਇਤਰਾਜ਼ ਦੇ ਸਕਦੇ



Scanned with CamScanner

ਹਨ । ਉਹਨਾਂ ਇਹ ਵੀ ਦੱਸਿਆ ਕਿ ਹੁਣ ਤੱਕ ਪ੍ਰਾਜੈਕਟ ਬਾਰੇ ਲਿਖਤੀ ਰੂਪ ਵਿੱਚ ਕੋਈ ਵੀ ਟਿੱਪਣੀ, ਸੁਝਾਅ, ਇਤਰਾਜ ਜਾਂ ਰਾਏ ਜਨਤਾ ਵੱਲੋ ਬੋਰਡ ਨੂੰ ਨਹੀਂ ਪ੍ਰਾਪਤ ਹੋਈ ਹੈ ।

ਵਾਤਾਵਰਣ ਇੰਜੀਨੀਅਰ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਖੇਤਰੀ ਦਫਤਰ, ਫਰੀਦਕੋਟ ਨੇ ਲੋਕਾਂ ਨੂੰ ਬੇਨਤੀ ਕੀਤੀ ਕਿ ਜੇ ਕੋਈ ਹੋਰ ਵਿਅਕਤੀ ਪ੍ਰੋਜੈਕਟ ਕੋਈ ਜਾਣਕਾਰੀ ਲੈਣਾ ਚਾਹੁੰਦਾ ਹੋਵੇ ਜਾਂ ਇਤਰਾਜ ਪ੍ਰਗਟ ਕਰਨ ਚਾਹੁੰਦਾ ਹੈ ਤਾਂ ਲੈ ਸਕਦਾ ਹੈ । ਇਸ ਤੋਂ ਬਾਅਦ ਇਕ ਵਿਅਕਤੀ ਵੱਲੋਂ ਸਵਾਲ ਪੁੱਛਿਆ ਗਿਆ, ਜਿਸਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ:

| ਲੜੀ ਨੰ | ਵਿਅਕਤੀ ਦਾ ਨਾਮ ਅਤੇ ਪਤਾ | ਸਵਾਲ | ਪ੍ਰੋਜੈਕਟ ਪ੍ਰੋਮੋਟਰ ਦਾ ਜਵਾਬ |
|---|---|---|---|
| 1 | ਕਸ਼ਮੀਰ ਸਿੰਘ, ਪਿੰਡ ਮਾਨਾ ਸਿੰਘ ਵਾਲਾ ਤਹਿ: ਅਤੇ ਜਿਲ੍ਹਾ ਫਿਰੋਜ਼ਪੁਰ | 1) ਮਾਮੂਲੀ ਖਣਿਜ ਲੈ ਕੇ ਜਾਣ ਵਾਲੇ ਵਾਹਨਾਂ ਦੀ ਆਵਾਜਾਈ ਨਾਲ ਪਿੰਡਾਂ ਦੀਆਂ ਸੜਕਾਂ ਦੇ ਨੁਕਸਾਨ ਲਈ ਕੌਣ ਜ਼ਿੰਮੇਵਾਰ ਹੋਵੇਗਾ।<br>2) ਰੇਤ ਦਾ ਰੇਟ ਪਿੰਡ ਲਈ ਕਿਸ ਤਰ੍ਹਾਂ ਤੈਅ ਕੀਤਾ ਜਾਵੇਗਾ । | 1) ਵਾਤਾਵਰਣ ਸਲਾਹਕਾਰ ਨੇ ਦੱਸਿਆ ਕਿ ਇਹ ਮਾਮਲਾ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਤਾਂ ਜੋ ਪ੍ਰੋਜੈਕਟ ਦੇ ਦੌਰਾਨ ਅਤੇ ਬਾਅਦ ਵਿੱਚ ਸੜਕਾਂ / ਆਵਾਜਾਈ ਖੇਤਰ ਸਥਿਰ ਰਹੇ।<br>2) ਰੇਤ ਦਾ ਮੁੱਲ, ਪੰਜਾਬ ਸਰਕਾਰ ਦੇ ਨਿਯਮਾਂ ਅਨੁਸਾਰ ਹੀ ਤੈਅ ਕੀਤਾ ਜਾਵੇਗਾ । |

ਇਸ ਤੋਂ ਪਿੱਛੋਂ ਵਾਤਾਵਰਣ ਇੰਜੀਨੀਅਰ ਨੇ ਹਾਜਰ ਲੋਕਾਂ ਨੂੰ ਕਿਹਾ ਕਿ ਉਹ ਵਿਅਕਤੀ ਹੱਥ ਖੜੇ ਕਰਨ ਜੋ ਕੰਪਨੀ ਦੀ ਪ੍ਰੋਜੈਕਟ ਦੇ ਲੱਗਣ ਦਾ ਸਮਰਥਨ ਕਰਦੇ ਹਨ, ਇਸ ਦੇ ਹੁੰਗਾਰੇ ਵਜੋਂ ਮੌਜੂਦ ਸਾਰੇ ਲੋਕਾਂ ਵੱਲੋਂ ਹੱਥ ਖੜੇ ਕੀਤੇ ਗਏ। ਇਸ ਤੋਂ ਬਾਅਦ ਉਹਨਾਂ ਵੱਲੋਂ ਕਿਹਾ ਗਿਆ ਕਿ ਜੋ ਵੀ ਇਸ ਪ੍ਰੋਜੈਕਟ ਦੇ ਲੱਗਣ ਦੇ ਹੱਕ ਵਿੱਚ ਨਹੀ ਹਨ ਉਹ ਵੀ ਹੱਥ ਖੜੇ ਕਰਨ, ਇਸ ਦੇ ਹੁੰਗਾਰੇ ਵਜੋਂ ਮੌਜੂਦ ਲੋਕਾਂ ਵਿੱਚੋਂ ਕਿਸੇ ਵੀ ਵਿਅਕਤੀ ਵੱਲੋਂ ਹੱਥ ਖੜਾ ਕਰਕੇ ਪ੍ਰੋਜੈਕਟ ਦਾ ਵਿਰੋਧ ਨਹੀਂ ਕੀਤਾ ਗਿਆ । ਇਸ ਜਨਤਕ ਸੁਣਵਾਈ ਦੀ ਵੀਡਿਓਗ੍ਰਾਫੀ ਅਤੇ ਫੋਟੋਗ੍ਰਾਫੀ ਕੀਤੀ ਗਈ ਅਤੇ ਸੁਣਵਾਈ ਵਿੱਚ 39 ਵਿਅਕਤੀਆਂ ਨੇ ਹਿੱਸਾ ਲਿਆ ।

ਵਾਤਾਵਰਣ ਇੰਜੀਨੀਅਰ ਵੱਲੋਂ ਜਨਤਕ ਸੁਣਵਾਈ ਦੀ ਪ੍ਰਧਾਨਗੀ ਲਈ ਆਏ ਮਾਨਯੋਗ ਉਪ ਮੰਡਲ ਮੈਜਿਸਟ੍ਰੇਟ ਅਤੇ ਹਾਜਰਾਨ ਲੋਕਾ ਦਾ ਧੰਨਵਾਦ ਕਰਦੇ ਹੋਏ ਜਨਕਤ ਸੁਣਵਾਈ ਦੀ ਕਾਰਵਾਈ ਪੂਰੀ ਕੀਤੀ ਗਈ ।

(ਦਲਜੀਤ ਸਿੰਘ,)
ਵਾਤਾਵਰਣ ਇੰਜੀਨੀਅਰ,
ਪੀ.ਪੀ.ਸੀ.ਬੀ. ਖੇਤਰੀ ਦਫਤਰ,
ਫਰੀਦਕੋਟ ।

(ਜਸਪਾਲ ਸਿੰਘ)
ਉਪ ਮੰਡਲ ਮੈਜਿਸਟ੍ਰੇਟ,
ਫਿਰੋਜ਼ਪੁਰ ।



Scanned with CamScanner